# ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ ਤਿੰਨ ਮੈਂਬਰ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ

## ਚੋਰੀ ਦੇ 2 ਮੋਟਰਸਾਈਕਲ, 6 ਮੋਬਾਈਲ ਫ਼ੋਨ ਤੇ ਹੋਰ ਸਮਾਨ ਬਰਾਮਦ

ਕਪੂਰਥਲਾ, 23 ਜੂਨ (ਸਡਾਨਾ)- ਥਾਣਾ ਸਦਰ ਪੁਲਿਸ ਨੇ ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ ਤਿੰਨ ਮੈਂਬਰਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ ਲੁੱਟਿਆ ਗਿਆ ਸਾਮਾਨ, ਦੋ ਚੋਰੀ ਦੇ ਮੋਟਰਸਾਈਕਲ, ਮੋਬਾਈਲ ਫ਼ੋਨ, ਨਸ਼ੀਲਾ ਪਦਾਰਥ ਤੇ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐਸ.ਪੀ ਗੁਰਮੀਤ ਸਿੰਘ ਕਿੰਗਰਾ ਨੇ ਦੱਸਿਆ ਕਿ ਥਾਣਾ ਸਦਰ ਮੁਖੀ ਪਰਮਿੰਦਰ ਸਿੰਘ ਦੀ ਦੇਖ-ਰੇਖ ਹੇਠ ਸਾਇੰਸ ਸਿਟੀ ਚੌਕੀ ਇੰਚਾਰਜ ਏ.ਐਸ.ਆਈ. ਗੁਰਮੀਤ ਸਿੰਘ ਨੇ ਇਬਣ ਰੋਡ 'ਤੇ ਗਸ਼ਤ ਦੌਰਾਨ ਦੋ ਮੋਟਰਸਾਈਕਲ ਸਵਾਰ ਤਿੰਨ ਕਥਿਤ ਦੋਸ਼ੀਆਂ ਮੁਖ਼ਤਿਆਰ ਸਿੰਘ ਉਰਫ਼ ਮੰਗਾ, ਗੁਰਦੀਪ ਸਿੰਘ ਉਰਫ਼ ਦੀਪਾ ਤੇ ਠਾਕੁਰ ਸਿੰਘ ਉਰਫ਼ ਕਾਲਾ ਵਾਸੀ ਸੈਦੋਵਾਲ ਨੂੰ ਕਾਬੂ ਕਰਕੇ ਜਦੋਂ ਉਨ੍ਹਾਂ ਦੀ ਤਲਾਸ਼ੀ ਲਈ ਤਾਂ ਮੁਖ਼ਤਿਆਰ ਸਿੰਘ ਉਰਫ਼ ਮੰਗਾ ਤੇ ਠਾਕੁਰ ਸਿੰਘ ਪਾਸੋਂ 100-100 ਗਰਾਮ ਨਸ਼ੀਲਾ ਪਦਾਰਥ ਬਰਾਮਦ ਹੋਇਆ ਤੇ ਗੁਰਦੀਪ ਸਿੰਘ ਉਰਫ਼ ਦੀਪਾ ਪਾਸੋਂ 105 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਡੀ.ਐਸ.ਪੀ. ਗੁਰਮੀਤ ਸਿੰਘ ਤੇ ਥਾਣਾ ਸਦਰ ਮੁਖੀ ਪਰਮਿੰਦਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਪਾਸੋਂ ਬਰਾਮਦ ਹੋਏ ਦੋਵੇਂ ਮੋਟਰਸਾਈਕਲ ਸਿਵਲ ਹਸਪਤਾਲ ਕਪੂਰਥਲਾ ਤੋਂ ਕੁਝ ਸਮਾਂ ਪਹਿਲਾਂ ਇਨ੍ਹਾਂ ਨੇ ਚੋਰੀ ਕੀਤੇ ਸਨ ਤੇ ਬੀਤੇ ਮਈ ਮਹੀਨੇ ਪਿੰਡ ਇੱਬਣ ਨੇੜੇ ਇਕ ਠੇਕੇ ਦੇ ਕਰਿੰਦਿਆਂ ਦੀ ਮਾਰ ਕੁੱਟ ਕਰਕੇ ਉਨ੍ਹਾਂ ਪਾਸੋਂ ਦੋ ਮੋਬਾਈਲ ਫ਼ੋਨ ਤੇ ਨਗਦੀ ਲੁੱਟੀ ਸੀ। ਇਨ੍ਹਾਂ ਦੀ ਨਿਸ਼ਾਨਦੇਹੀ 'ਤੇ ਖੋਹੇ ਹੋਏ ਮੋਬਾਈਲ ਫ਼ੋਨ ਬਰਾਮਦ ਕੀਤੇ ਗਏ ਹਨ। ਇਸ ਤੋਂ ਇਲਾਵਾ ਆਰ.ਸੀ.ਐਫ. ਨੇੜਿਓਂ ਇਨ੍ਹਾਂ ਨੇ ਇਕ ਮੋਬਾਈਲ ਫ਼ੋਨ ਖੋਹਿਆ ਸੀ, ਉਹ ਵੀ ਬਰਾਮਦ ਕੀਤਾ ਗਿਆ ਹੈ। ਡੀ.ਐਸ.ਪੀ. ਨੇ ਦੱਸਿਆ ਕਿ ਇਨ੍ਹਾਂ ਤਿੰਨਾਂ ਨੌਜਵਾਨਾਂ ਨੇ ਕਪੂਰਥਲਾ ਦੇ ਬ੍ਰਹਮਕੁੰਡ ਨੇੜੇ ਕਾਲੋਨੀ ਵਿਚ ਇਕ ਬਜ਼ੁਰਗ ਵਿਅਕਤੀ ਦੇ ਘਰ ਅੰਦਰ ਦਾਖਲ ਹੋ ਕੇ ਉਨ੍ਹਾਂ ਨੂੰ ਸੱਟਾਂ ਮਾਰਨ ਉਪਰੰਤ ਤਿੰਨ ਮੋਬਾਈਲ ਫ਼ੋਨ, ਇਕ ਗੈਸ ਸਿਲੰਡਰ ਤੇ ਹੋਰ ਘਰੇਲੂ ਸਾਮਾਨ ਲੁੱਟਿਆ ਸੀ ਤੇ ਇਨ੍ਹਾਂ ਦੀ ਨਿਸ਼ਾਨਦੇਹੀ 'ਤੇ ਤਿੰਨੋਂ ਮੋਬਾਈਲ ਫ਼ੋਨ ਤੇ ਗੈਸ ਸਿਲੰਡਰ ਬਰਾਮਦ ਕਰ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਮਾਣਯੋਗ ਅਦਾਲਤ ਨੇ ਇਨ੍ਹਾਂ ਦਾ ਇਕ ਦਿਨ ਦਾ ਪੁਲਿਸ ਰਿਮਾਂਡ ਦਿੱਤਾ ਹੈ ਤੇ ਰਿਮਾਂਡ ਦੌਰਾਨ ਹੋਰ ਵੀ ਖ਼ੁਲਾਸੇ ਹੋਣ ਦੀ ਸੰਭਾਵਨਾ ਹੈ। ਡੀ.ਐਸ.ਪੀ. ਗੁਰਦੀਪ ਸਿੰਘ ਨੇ ਦੱਸਿਆ ਕਿ ਕਾਬੂ ਕੀਤੇ ਗਏ ਵਿਅਕਤੀ ਮੁਖ਼ਤਿਆਰ ਸਿੰਘ ਵਿਰੁੱਧ ਪਹਿਲਾਂ ਵੀ ਨਸ਼ਾ ਤਸਕਰੀ ਦੇ ਕੇਸ ਦਰਜ ਹਨ ਤੇ ਉਹ ਇਸ ਸਮੇਂ ਜ਼ਮਾਨਤ 'ਤੇ ਜੇਲ੍ਹ ਤੋਂ ਬਾਹਰ ਆਇਆ ਹੋਇਆ ਸੀ।



**ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦੇ ਕਾਬੂ ਕੀਤੇ ਮੈਂਬਰਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ. ਐਸ. ਪੀ. ਸ਼ਹਿਰੀ ਗੁਰਮੀਤ ਸਿੰਘ, ਥਾਣਾ ਸਦਰ ਮੁਖੀ ਪਰਮਿੰਦਰ ਸਿੰਘ ਤੇ ਏ. ਐਸ. ਆਈ. ਗੁਰਮੀਤ ਸਿੰਘ।** ਤਸਵੀਰ: ਸਡਾਨਾ